ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਦੇ ਟਾਕਰੇ ਲਈ ਲੋੜੀਂਦੀ ਰਾਸ਼ੀ ਮੇਰੇ ਅਖ਼ਤਿਆਰੀ ਫੰਡ ਵਿੱਚੋਂ ਖਰਚੇ ਜ਼ਿਲ੍ਹਾ ਪ੍ਰਸ਼ਾਸਨ: ਡਾ. ਅਮਰ ਸਿੰਘ

ਕਣਕ ਦੀ ਵਾਢੀ ਤੇ ਮੰਡੀਆਂ ਵਿੱਚ ਖ਼ਰੀਦ ਦੌਰਾਨ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ

ਲੋੜਵੰਦਾਂ ਤੱਕ ਪੁੱਜਦਾ ਰਹੇ ਤਿਆਰ ਖਾਣਾ

ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਪਿੰਡ ਪੱਧਰ ਉਤੇ ਵਿਸ਼ੇਸ਼ ਜਾਂਚ ਮੁਹਿੰਮ ਚਲਾਉਣ ਲਈ ਕਿਹਾ

ਕਣਕ ਦੀ ਖ਼ਰੀਦ ਦੌਰਾਨ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ: ਨਾਗਰਾ

ਫ਼ਤਹਿਗੜ੍ਹ ਸਾਹਿਬ ਦੇ ਲੋਕ ਸਭਾ ਮੈਂਬਰ ਵੱਲੋਂ ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਦੀ ਸਮੀਖਿਆ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ

ਸੰਸਦ ਮੈਂਬਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਦੀ ਸ਼ਲਾਘਾ

ਮੀਟਿੰਗ ਵਿੱਚ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਉਚੇਚੇ ਤੌਰ 'ਤੇ ਹੋਏ ਸ਼ਾਮਲ

ਫ਼ਤਹਿਗੜ੍ਹ ਸਾਹਿਬ, 02 ਅਪ੍ਰੈਲ

ਫ਼ਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹੇ ਦੀ ਸਥਿਤੀ ਦੀ ਸਮੀਖਿਆ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕਿਹਾ ਕਿ ਕੋਰੋਨਾ ਵਾਇਰਸ ਦੇ ਟਾਕਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਕਿਸੇ ਵੀ ਚੀਜ਼ ਲਈ ਜਿੰਨੀ ਰਾਸ਼ੀ ਦੀ ਲੋੜ ਹੈ, ਉਹ ਰਾਸ਼ੀ ਉਨ੍ਹਾਂ ਦੇ ਅਖ਼ਤਿਆਰੀ ਫੰਡ ਵਿੱਚੋਂ ਖਰਚ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਨੂੰ ਠੱਲ੍ਹਣ ਲਈ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜਾਰੀ ਕੀਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਇਸ ਮੀਟਿੰਗ ਵਿੱਚ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਇਹ ਗੱਲ ਯਕੀਨੀ ਬਣਾਈ ਜਾਵੇ ਕਿ ਹਰ ਲੋੜਵੰਦ ਤੱਕ ਰਾਸ਼ਨ ਜਾਂ ਤਿਆਰ ਖਾਣਾ ਪੁੱਜਦਾ ਰਹੇ ਤਾਂ ਜੋ ਕੋਈ ਵੀ ਭੁੱਖੇ ਢਿੱਡ ਨਾ ਸੌਂਵੇ। ਇਸ ਤਹਿਤ ਪਰਵਾਸੀਆਂ ਅਤੇ ਇਕੱਲੇ ਰਹਿ ਰਹੇ ਬਜ਼ੁਰਗਾਂ ਦਾ ਖਾਸ

ਖਿਆਲ ਰੱਖਿਆ ਜਾਵੇ। ਸੰਸਦ ਮੈਂਬਰ ਨੇ ਕਿਹਾ ਕਿ ਪਿੰਡ ਪੱਧਰ ਉਤੇ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਸਿਹਤ ਜਾਂਚ ਮੁਹਿੰਮ ਚਲਾਈ ਜਾਵੇ ਅਤੇ ਆਰ.ਐਮ.ਪੀ. ਡਾਕਟਰਾਂ ਜ਼ਰੀਏ ਪਿਛਲੇ ਦਿਨਾਂ ਵਿੱਚ ਬਿਮਾਰ ਹੋਏ ਵਿਅਕਤੀਆਂ ਦੀ ਜਾਣਕਾਰੀ ਹਾਸਲ ਕਰ ਕੇ ਉਨ੍ਹਾਂ ਦੀ ਵਿਸ਼ੇਸ਼ ਤੌਰ ਉਤੇ ਜਾਂਚ ਕੀਤੀ ਜਾਵੇ।

ਡਾ. ਅਮਰ ਸਿੰਘ ਨੇ ਕਿਹਾ ਕਿ ਸੂਬੇ ਵਿੱਚ 15 ਅਪ੍ਰੈਲ ਤੋਂ ਕਣਕ ਦੀ ਖ਼ਰੀਦ ਸ਼ੁਰੂ ਹੋਣ ਵਾਲੀ ਹੈ। ਇਸ ਲਈ ਕਣਕ ਦੀ ਵਾਢੀ ਤੇ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਸਬੰਧੀ ਸਮੁੱਚੀ ਪ੍ਰਕਿਰਿਆ ਦੌਰਾਨ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਕਣਕ ਦੀ ਵਾਢੀ ਤੇ ਖ਼ਰੀਦ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਮਾਸਕ ਤੇ ਹੋਰ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਈ ਜਾਵੇ।

ਇਸ ਮੌਕੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਇਹ ਜ਼ਰੂਰੀ ਹੈ ਕਿ ਮੰਡੀਆਂ ਵਿੱਚ ਆਉਣ ਵਾਲੇ ਸਾਰੇ ਵਿਅਕਤੀਆਂ ਦੀ ਸ਼ਨਾਖ਼ਤ ਕਰ ਕੇ

ਖ਼ਰੀਦ ਪ੍ਰਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾਂ ਦੀ ਸਿਹਤ ਜਾਂਚ ਕੀਤੀ ਜਾਵੇ ਅਤੇ ਕਿਸੇ ਵੀ ਅਜਿਹੇ ਵਿਅਕਤੀ ਨੂੰ ਮੰਡੀਆਂ ਵਿੱਚ ਨਾ ਆਉਣ ਦਿੱਤਾ ਜਾਵੇ, ਜਿਸ ਦੀ ਪਹਿਲਾਂ ਸ਼ਨਾਖ਼ਤ ਨਾ ਹੋਈ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਲਈ ਵਚਨਬੱਧ ਹੈ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਹਰ ਲੋੜੀਂਦਾ ਕਦਮ ਚੁੱਕਿਆ ਜਾਵੇ ਤੇ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਵੀ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖ਼ਿਲਾਫ਼ ਜੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇਣ।

ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ, ਵਧੀਕ ਡਿਪਟੀ ਕਮਿਸ਼ਨਰ (ਜ) ਜਸਪ੍ਰੀਤ ਸਿੰਘ, ਐਸ.ਪੀ. (ਐਚ) ਨਵਰੀਤ ਸਿੰਘ ਵਿਰਕ, ਐਸ.ਪੀ. (ਜਾਂਚ) ਹਰਪਾਲ ਸਿੰਘ, ਡਾ. ਅਮਰ ਸਿੰਘ ਦੇ ਪੁੱਤਰ ਕਾਮਿਲ ਅਮਰ ਸਿੰਘ, ਸਿਵਲ ਸਰਜਨ ਡਾ. ਐਨ.ਕੇ.ਅਗਰਵਾਲ, ਮੁੱਖ ਖੇਤੀਬਾੜੀ ਅਫ਼ਸਰ ਇੰਦਰਪਾਲ ਸਿੰਘ ਸੰਧੂ ਹਾਜ਼ਰ ਸਨ।

---

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕਿਸਾਨਾਂ ਦੀਆਂ ਖੇਤੀਬਾੜੀ ਨਾਲ ਸਬੰਧਤ ਮੁਸ਼ਕਲਾਂ ਦੇ ਹੱਲ
ਲਈ ਜ਼ਿਲ੍ਹਾ ਪੱਧਰੀ ਕਾਲ ਸੈਂਟਰ ਸਥਾਪਤ

ਮੁੱਖ ਖੇਤੀਬਾੜੀ ਅਫਸਰ ਦੇ ਦਫ਼ਤਰ ਵਿਖੇ ਸਵੇਰੇ 08:00 ਤੋਂ ਸ਼ਾਮ
8:00 ਵਜੇ ਤੱਕ ਖੁੱਲ੍ਹਾ ਰਹੇਗਾ ਕਾਲ ਸੈਂਟਰ

ਕਿਸਾਨ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਕਾਲ ਸੈਂਟਰ ਦੇ ਫੋਨ
ਨੰਬਰਾਂ 'ਤੇ ਕਰਨ ਸੰਪਰਕ

ਫ਼ਤਹਿਗੜ੍ਹ ਸਾਹਿਬ, 02 ਅਪ੍ਰੈਲ :

ਮੁੱਖ ਖੇਤੀਬਾੜੀ ਅਫਸਰ ਡਾ. ਇੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਾਏ ਗਏ ਕਰਫਿਊ ਦੌਰਾਨ ਕਿਸਾਨਾਂ ਦੀਆਂ ਖੇਤੀਬਾੜੀ ਸਬੰਧੀ ਸਮੱਸਿਆਵਾਂ

ਦੇ ਹੱਲ ਲਈ ਉਨ੍ਹਾਂ ਦੇ ਦਫ਼ਤਰ ਵਿਖੇ ਜ਼ਿਲ੍ਹਾ ਪੱਧਰੀ ਕਾਲ ਸੈਂਟਰ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਤਾਇਨਾਤ ਕੀਤੇ ਅਮਲੇ ਦੇ ਫੋਨ ਨੰਬਰਾਂ 'ਤੇ ਕਿਸਾਨ ਸਵੇਰੇ 08:00 ਵਜੇ ਤੋਂ ਸ਼ਾਮ 08:00 ਵਜੇ ਤੱਕ ਆਪਣੀਆਂ ਸ਼ਿਕਾਇਤਾਂ ਸਬੰਧੀ ਸੰਪਰਕ ਕਰ ਸਕਦੇ ਹਨ।

ਡਾ. ਸੰਧੂ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕਾਲ ਸੈਂਟਰ ਵਿੱਚ 02 ਅਪ੍ਰੈਲ ਤੋਂ 05 ਅਪ੍ਰੈਲ ਤੱਕ ਡਾ. ਸਤੀਸ਼ ਕੁਮਾਰ, ਖੇਤੀਬਾੜੀ ਅਫਸਰ (ਇਨਫੋ) ਦੇ ਮੋਬਾਇਲ ਨੰ: 98789-00047, ਉਪ ਪ੍ਰੋਜੈਕਟ ਡਾਇਰੈਕਟਰ (ਆਤਮਾ) ਡਾ. ਜਤਿੰਦਰ ਸਿੰਘ ਦੇ ਮੋਬਾਇਲ ਨੰ: 98887-07419 'ਤੇ ਸੰਪਰਕ ਕੀਤਾ ਜਾ ਸਕਦਾ ਹੈ। 06 ਅਪ੍ਰੈਲ ਤੋਂ 09 ਅਪ੍ਰੈਲ ਤੱਕ ਖੇਤੀਬਾੜੀ ਅਫਸਰ ਡਾ. ਰਾਮ ਸਿੰਘ ਪਾਲ ਦੇ ਮੋਬਾਇਲ ਨੰ: 81466-76217 ਅਤੇ ਡਾ. ਨਵਜੋਤ ਕੌਰ ਖੇਤੀਬਾੜੀ ਵਿਕਾਸ ਅਫ਼ਸਰ (ਟੀ.ਏ.) ਦੇ ਮੋਬਾਇਲ ਨੰ: 98882- 82331 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਕਾਲ ਸੈਂਟਰ ਵਿੱਚ 10 ਅਪ੍ਰੈਲ ਤੋਂ 14 ਅਪ੍ਰੈਲ ਤੱਕ ਪ੍ਰੋਜੈਕਟ ਡਾਇਰੈਕਟਰ (ਆਤਮਾ) ਡਾ. ਗੁਰਪ੍ਰੇਮ ਸਿੰਘ ਬੇਦੀ ਦੇ ਮੋਬਾਇਲ ਨੰ: 98722-22606 ਅਤੇ ਉਪ ਪ੍ਰੋਜੈਕਟ

ਡਾਇਰੈਕਟਰ (ਆਤਮਾ) ਡਾ. ਹਰਮਨਜੀਤ ਸਿੰਘ ਦੇ ਮੋਬਾਇਲ ਨੰ: 95921-00117 'ਤੇ ਸੰਪਰਕ ਕੀਤਾ ਜਾ ਸਕਦਾ ਹੈ।

---

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਲੋੜਵੰਦਾਂ ਦੇ ਘਰਾਂ ਤੱਕ ਪੁਚਾਇਆ ਜਾ ਰਿਹੈ ਤਿਆਰ ਖਾਣਾ

ਲੋਕਾਂ ਵੱਲੋਂ ਸਰਕਾਰ ਦੇ ਉਪਰਾਲਿਆਂ ਦੀ ਕੀਤੀ ਜਾ ਰਹੀ ਹੈ ਸ਼ਲਾਘਾ

ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਬਾਰੇ ਵੀ ਕੀਤਾ ਜਾ ਰਿਹੈ ਜਾਗਰੂਕ

ਫ਼ਤਹਿਗੜ੍ਹ ਸਾਹਿਬ, 02 ਅਪ੍ਰੈਲ :

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲਾਏ ਗਏ ਕਰਫਿਊ ਦੌਰਾਨ ਹਲਕਾ ਫ਼ਤਹਿਗੜ੍ਹ ਸਾਹਿਬ ਸਮੇਤ ਪੂਰੇ ਜ਼ਿਲ੍ਹੇ ਵਿੱਚ ਤਿਆਰ ਕੀਤਾ ਖਾਣਾ ਲੋਕਾਂ ਦੇ ਘਰਾਂ ਤੱਕ ਪੁਜਦਾ ਕੀਤਾ ਜਾ ਰਿਹਾ ਹੈ। ਇਸ ਪ੍ਰਕਿਰਿਆ ਤਹਿਤ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ

ਯਕੀਨੀ ਬਣਾਈ ਜਾ ਰਹੀ ਹੈ ਤੇ ਲੋਕਾਂ ਵੱਲੋਂ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ।

ਇਹ ਜਾਣਕਾਰੀ ਦਿੰਦਿਆਂ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਇਸੇ ਲੜੀ ਤਹਿਤ ਬ੍ਰਾਹਮਣ ਮਾਜਰਾ (ਸਰਹਿੰਦ) ਵਿਖੇ ਖਾਣਾ ਤਿਆਰ ਕਰ ਕੇ ਲੋੜਵੰਦਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਆਮ ਲੋਕਾਂ ਨੂੰ ਸਿਹਤ ਸੰਭਾਲ ਪ੍ਰਤੀ ਜਾਗਰੂਕ ਵੀਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਇਹ ਵੀ ਅਪੀਲ ਕੀਤੀ ਜਾ ਰਹੀ ਹੈ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਜੋ ਵੀ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਤਾਂ ਕਿ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਇਆ ਜਾਵੇ।ਖੰਘ ਜਾਂ ਛਿੱਕਣ ਸਮੇਂ ਆਪਣਾ ਮੂੰਹ ਅਤੇ ਨੱਕ ਰੁਮਾਲ ਨਾਲ ਢੱਕਿਆ ਜਾਵੇ ਕਿਉਂਕਿ ਇਹ ਬਿਮਾਰੀ ਇੱਕ

ਪੀੜਤ ਵਿਅਕਤੀ ਤੋਂ ਤੰਦਰੁਸਤ ਵਿਅਕਤੀ ਨੂੰ ਥੁੱਕ ਕਣਾਂ ਰਾਹੀਂ ਫੈਲਦੀ ਹੈ।

ਫਲੂ ਵਰਗੇ ਲੱਛਣਾਂ ਵਾਲੇ ਵਿਅਕਤੀ ਤੋਂ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ।ਕਿਸੇ ਵੀ ਵਿਅਕਤੀ ਨਾਲ ਹੱਥ ਨਾ ਮਿਲਾਇਆ ਜਾਵੇ। ਖੰਘ,ਬੁਖਾਰ ਜਾਂ ਸਾਹ ਲੈਣ ਵਿੱਚ ਦਿੱਕਤ ਆਉਣ ਦੀ ਸੂਰਤ ਵਿੱਚ ਤੁਰੰਤ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ। ਇਸ ਬਿਮਾਰੀ ਤੋਂ ਡਰਨ ਦੀ ਥਾਂ ਵਿਭਾਗ ਅਤੇ ਸਰਕਾਰ ਵੱਲੋਂ ਸਮੇਂ-ਸਮੇਂ ਉਤੇ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਬ੍ਰਾਹਮਣ ਮਾਜਰਾ (ਸਰਹਿੰਦ) ਵਿਖੇ ਲਾਏ ਲੰਗਰ ਵਿੱਚ ਹਨੀ ਭਾਰਦਵਾਜ, ਪੰਕਜ ਭਾਰਦਵਾਜ, ਗੌਰਵ ਭਾਰਦਵਾਜ, ਲਾਡੀ, ਪ੍ਰਸ਼ਾਂਤ ਕੁਮਾਰ, ਮਨੀ, ਪਰਦੀਪ, ਪ੍ਰਿੰਸ, ਪਿਊਸ਼, ਦਿਨੇਸ਼, ਰਾਹੁਲ ਤੇ ਮੋਨੂੰ ਵੱਲੋਂ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ।

---